# ਮਾਓਵਾਦ ਦਾ ਅਸਰਦਾਰ ਜਵਾਬ ਹੈ ਪੰਚਾਇਤੀ ਰਾਜ: ਡਾ. ਮਨਮੋਹਨ ਸਿੰਘ

**✤ ਪੰਚਾਇਤੀ ਰਾਜ ਦਿਵਸ ਮੌਕੇ ਕੌਮੀ ਸੰਮੇਲਨ ਦਾ ਕੀਤਾ ਉਦਘਾਟਨ**
**✤ ਕਿਹਾ, ਸਰਕਾਰ ਪੰਚਾਇਤਾਂ ਨੂੰ ਦਰਪੇਸ਼ ਮੁਸ਼ਕਲਾਂ ਤੋਂ ਜਾਣੂ**



**ਨਵੀਂ ਦਿੱਲੀ, 24 ਅਪ੍ਰੈਲ :** ਦੇਸ਼ ਦੇ ਦੂਰ-ਦੁਰਾਡੇ ਅਤੇ ਪਛੜੇ ਹੋਏ ਇਲਾਕਿਆਂ ਵਿਚ ਪੰਚਾਇਤੀ ਰਾਜ ਸੰਸਥਾਵਾਂ ਦੇ ਅਸਰਦਾਰ ਢੰਗ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਕਿਹਾ ਕਿ ਇਸ ਨਾਲ ਸਾਨੂੰ ਮਾਓਵਾਦ ਵਰਗੀ ਸਮੱਸਿਆ ਨਾਲ ਨਜਿੱਠਣ ਵਿਚ ਮਦਦ ਮਿਲੇਗੀ। ਪ੍ਰਧਾਨ ਮੰਤਰੀ ਇਥੇ ਵਿਗਿਆਨ ਭਵਨ ਵਿਖੇ ਪੰਚਾਇਤੀ ਰਾਜ ਦਿਵਸ ਮੌਕੇ ਕੌਮੀ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ, "ਸਾਨੂੰ ਖ਼ਾਸ ਤੌਰ 'ਤੇ ਧਿਆਨ ਦੇਣਾ ਚਾਹੀਦਾ ਹੈ ਕਿ ਦੇਸ਼ ਦੇ ਦੂਰ-ਦੁਰਾਡੇ ਅਤੇ ਜ਼ਿਆਦਾ ਪਛੜੇ ਹੋਏ ਇਲਾਕਿਆਂ ਜਿਥੇ ਬਹੁਤੇ ਆਦੀਵਾਸੀ ਰਹਿੰਦੇ ਹਨ, ਵਿਚ ਪੰਚਾਇਤੀ ਰਾਜ ਸੰਸਥਾਵਾਂ ਅਸਰਦਾਰ ਤਰੀਕੇ ਨਾਲ ਕੰਮ ਕਰਨ। ਇਸ ਨਾਲ ਸਾਨੂੰ ਮਾਓਵਾਦ ਵਰਗੀ ਸਮੱਸਿਆ ਨਾਲ ਨਜਿੱਠਣ ਵਿਚ ਮਦਦ ਮਿਲੇਗੀ।" ਉਨ੍ਹਾਂ ਆਖਿਆ ਕਿ ਪੰਚਾਇਤਾਂ ਨਾ ਸਿਰਫ਼ ਅਣਗੌਲੇ ਲੋਕਾਂ ਦੀ ਸ਼ਾਸਨ ਵਿਚ ਸਿੱਧੀ ਭਾਈਵਾਲੀ ਸੰਭਵ ਬਣਾਉਂਦੀਆਂ ਹਨ ਸਗੋਂ ਉਹ ਸਰਕਾਰੀ ਸੰਸਥਾਵਾਂ ਅਤੇ ਅਧਿਕਾਰੀਆਂ ਦੀ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਕਾਸ ਦੀਆਂ ਵੱਖ-ਵੱਖ ਯੋਜਨਾਵਾਂ ਵਿਚ ਪੰਚਾਇਤਾਂ ਦੀ ਭਾਈਵਾਲੀ ਲਾਜ਼ਮੀ ਹੈ ਕਿਉਂਕਿ ਪੰਚਾਇਤਾਂ ਹੀ ਸਥਾਨਕ ਲੋੜਾਂ ਨੂੰ ਚੰਗੀ ਤਰ੍ਹਾਂ ਸਮਝਦੀਆਂ ਹਨ ਅਤੇ ਇਸੇ ਲਈ 11ਵੀਂ ਪੰਜ ਸਾਲਾ ਯੋਜਨਾ ਤਹਿਤ ਪੰਚਾਇਤੀ ਰਾਜ ਸੰਸਥਾਵਾਂ ਨੂੰ ਵੱਖ-ਵੱਖ ਯੋਜਨਾਵਾਂ ਲਾਗੂ ਕਰਨ ਵਿਚ ਜ਼ਿਆਦਾ ਅਹਿਮੀਅਤ ਦਿਤੀ ਗਈ। ਪੰਚਾਇਤੀ ਰਾਜ ਸੰਸਥਾਵਾਂ ਦੀ ਸਮਰੱਥਾ ਵਧਾਏ ਜਾਣ 'ਤੇ ਜ਼ੋਰ ਦਿੰਦਿਆਂ ਡਾ. ਮਨਮੋਹਨ ਸਿੰਘ ਨੇ ਕਿਹਾ ਕਿ ਸਾਡੀ ਸਰਕਾਰ ਪੰਚਾਇਤਾਂ ਨੂੰ ਦਰਪੇਸ਼ ਮੁਸ਼ਕਲਾਂ ਤੋਂ ਜਾਣੂ ਹੈ। ਸਾਡੀ ਇਹ ਕੋਸ਼ਿਸ਼ ਰਹੀ ਹੈ ਕਿ ਪੰਚਾਇਤਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਅਤੇ ਉਨ੍ਹਾਂ ਲਈ ਫ਼ੰਡ ਦੀ ਵਿਵਸਥਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਿਛਲੇ ਬਜਟ ਵਿਚ 13ਵੇਂ ਵਿੱਤ ਕਮਿਸ਼ਨ ਵਲੋਂ ਐਲਾਨੀਆਂ ਗਈਆਂ ਸਹੂਲਤਾਂ 'ਚ ਪੰਚਾਇਤਾਂ ਨੂੰ ਕਰਾਂ ਵਿਚ ਹਿੱਸੇਦਾਰੀ ਦਿਤੀ ਗਈ ਹੈ ਜਿਸ ਨਾਲ ਪੰਚਾਇਤਾਂ ਨੂੰ ਸਹੀ ਅਰਥਾਂ ਵਿਚ ਸਥਾਨਕ ਪ੍ਰਸ਼ਾਸਨ ਦੀਆਂ ਇਕਾਈਆਂ ਦਾ ਦਰਜਾ ਮਿਲ ਸਕੇਗਾ। ਪੰਚਾਇਤਾਂ ਦੀ ਭੂਮਿਕਾ ਅਤੇ ਉਨ੍ਹਾਂ ਦੇ ਕੰਮ-ਕਾਜ ਬਾਰੇ ਵਿਸ਼ੇਸ਼ ਚਰਚਾ ਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਸ ਸੰਮੇਲਨ ਵਿਚ ਪੰਚਾਇਤਾਂ ਦੇ ਕੰਮ-ਕਾਜ ਨੂੰ ਜ਼ਿਆਦਾ ਅਸਰਦਾਰ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਨਾਲ ਸਬੰਧਤ ਸਾਰੇ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। (ਪੀ.ਟੀ.ਆਈ.)